**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104-106, ਸੈਕਟਰ 34 ਏ, ਚੰਡੀਗੜ੍ਹ**

ਸੇਵਾ ਵਿਖੇ

1. ਰਾਜ ਦੇ ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿ.)
2. ਰਾਜ ਦੇ ਸਮੂਹ ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਮੁੱਖੀ
   (ਵੈੱਬ ਸਾਈਟ ਦੇ ਰਾਹੀਂ)

ਮੀਮੋ ਨੰ 1/1/2010/ਆਰਐਮਐਸਏ/22977-22996
ਮਿਤੀ ਚੰਡੀਗੜ੍ਹ 01 ਫਰਵਰੀ, 2010

ਵਿਸ਼ਾ ਆਰ.ਐਮ.ਐਸ.ਏ. ਦੇ ਅਧੀਨ (SEMIS) ਪ੍ਰੋਫਾਰਮੇ ਦੀ ਸੂਚਨਾ ਬਾਰੇ

1.0 ਉਪਰੋਕਤ ਵਿਸ਼ੇ ਤੇ ਇਸ ਦਫਤਰ ਦੇ ਪੱਤਰ ਨੰ 1/1/2010/ਰਾਮ.ਐਮ.ਐਸ.ਏ. ਦੇ ਅਧੀਨ (SEMIS) ਮਿਤੀ 13.1.2010 ਅਤੇ ਚਿਤਾਵਨੀ ਪੱਤਰ ਮਿਤੀ 25.1.2010 ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜਿਸ ਦੇ ਰਾਹੀਂ ਆਪ ਜੀ ਨੂੰ ਲਿਖਿਆ ਗਿਆ ਸੀ ਕਿ ਆਰ.ਐਮ.ਐਸ.ਏ. ਅਧੀਨ ਭਾਰਤ ਸਰਕਾਰ ਨੂੰ ਪਲਾਨ ਤਿਆਰ ਕਰਨ ਲਈ ਨਿਰਧਾਰਤ ਪ੍ਰੋਫਾਰਮੇ ਵਿੱਚ ਸੂਚਨਾ ਤਿਆਰ ਕਰਨ ਲਈ ਲਿਖਿਆ ਗਿਆ ਸੀ ।

2.0 ਉਕਤ ਵਿਸ਼ੇ ਤੇ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਆਰ.ਐਮ.ਐਸ.ਏ. ਦਾ ਪਲਾਨ ਤਿਆਰ ਕਰਨ ਲਈ ਸੂਚਨਾ ਨਿਰਧਾਰਤ ਪ੍ਰੋਫਾਰਮੇ ਵਿੱਚ ਮੁਕੰਮਲ ਕਰਵਾਈ ਜਾਵੇ । ਇਸ ਸਬੰਧ ਵਿੱਚ ਆਪ ਜੀ ਨੂੰ ਹਦਾਇਤਾਂ ਵੀ ਜਾਰੀ ਕੀਤੀਆ ਗਈਆਂ ਸਨ ਅਤੇ ਐਜੂਸੈਟ ਤੇ ਇਕ ਰੋਜ਼ਾ ਟ੍ਰੇਨਿੰਗ ਵੀ ਕਰਵਾਈ ਗਈ ਸੀ । ਡਾਟਾ ਕੈਪਚਰ ਫਾਰਮੈਟਸ ਤਿਆਰ ਕਰਦੇ ਸਮੇ ਇਹ ਧਿਆਨ ਵਿੱਚ ਰੱਖਿਆ ਜਾਵੇ ਕਿ ਸਕੂਲ ਦੀ ਸਹੀ ਸਹੀ ਜਾਣਕਾਰੀ ਦਿੱਤੀ ਜਾਵੇ ਅਤੇ ਕਿਸੀ ਕਿਸਮ ਦੀ ਗਲਤ ਸੂਚਨਾ ਨਾ ਦਿੱਤੀ ਜਾਵੇ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ